# ਗੁਰਸ਼ਰਨ ਸਿੰਘ ਦੀ ਇਨਕਲਾਬੀ ਜੀਵਨ-ਘਾਲਣਾ ਦਾ ਮਹੱਤਵ

ਜਸਪਾਲ ਜੱਸੀ

*(ਇਹ ਲਿਖਤ ਜਨਵਰੀ 2006 'ਚ ਹੋਈ ਗੁਰਸ਼ਰਨ ਸਿੰਘ ਇਨਕਲਾਬੀ ਨਿਹਚਾ ਸਨਮਾਨ ਸਮਾਰੋਹ ਦੇ ਪ੍ਰਸੰਗ 'ਚ ਸਨਮਾਨ ਸਮਾਰੋਹ ਕਮੇਟੀ ਵੱਲੋਂ ਜਾਰੀ ਕੀਤੀ ਗਈ ਸੀ।)*

ਪੰਜਾਬ ਦੀ ਇਨਕਲਾਬੀ ਜਮਹੂਰੀ ਲਹਿਰ ਵੱਲੋਂ ਉੱਘੀ ਅਤੇ ਹਰਮਨਪਿਆਰੀ ਬਜ਼ੁਰਗ ਇਨਕਲਾਬੀ ਸਖਸ਼ੀਅਤ, ਸ਼੍ਰੀ ਗੁਰਸ਼ਰਨ ਸਿੰਘ ਦੀ ਇਨਕਲਾਬੀ ਜੀਵਨ ਘਾਲਣਾ ਨੂੰ ਸਲਾਮ ਕਰਨ ਲਈ ਇਕ ਵਿਸ਼ੇਸ਼ ਜਨਤਕ ਹੰਭਲਾ ਜੁਟਾਇਆ ਜਾ ਰਿਹਾ ਹੈ। 11 ਜਨਵਰੀ ਨੂੰ, ਸਵੇਰੇ 11 ਵਜੇ ਪੰਜਾਬ ਦੇ ਵੱਖ-ਵੱਖ ਕੋਨਿਆਂ 'ਚੋਂ ਹਜ਼ਾਰਾਂ ਮਜ਼ਦੂਰ, ਕਿਸਾਨ, ਮੁਲਾਜ਼ਮ, ਵਿਦਿਆਰਥੀ, ਨੌਜੁਆਨ, ਔਰਤਾਂ, ਕਲਾਕਾਰ, ਜਮਹੂਰੀ ਹੱਕਾਂ ਦੇ ਕਾਰਕੁੰਨ ਅਤੇ ਬੁੱਧੀਜੀਵੀ ਮੋਗਾ ਨੇੜੇ ਪਿੰਡ ਕੁੱਸਾ ਵਿਚ ਇਕੱਤਰ ਹੋਣਗੇ ਅਤੇ ਸ਼੍ਰੀ ਗੁਰਸ਼ਰਨ ਸਿੰਘ ਨੂੰ "ਇਨਕਲਾਬੀ ਨਿਹਚਾ ਸਨਮਾਨ" ਨਾਲ ਸਤਿਕਾਰਨਗੇ। ਇਸ ਮਕਸਦ ਲਈ ਇਨਕਲਾਬੀ ਜਮਹੂਰੀ ਲਹਿਰ ਦੇ ਵੱਖ-ਵੱਖ ਖੇਤਰਾਂ ਨਾਲ ਸਬੰਧਤ ਉੱਭਰਵੀਆਂ ਸਖਸ਼ੀਅਤਾਂ 'ਤੇ ਅਧਾਰਤ "ਸ਼੍ਰੀ ਗੁਰਸ਼ਰਨ ਸਿੰਘ ਇਨਕਲਾਬੀ ਸਨਮਾਨ ਸਮਾਰੋਹ ਕਮੇਟੀ" ਬਣਾਈ ਗਈ ਹੈ। ਇਸ ਕਮੇਟੀ ਵਿਚ ਜਸਪਾਲ ਜੱਸੀ (ਕਨਵੀਨਰ), ਅਮੋਲਕ ਸਿੰਘ, ਝੰਡਾ ਸਿੰਘ ਜੇਠੂਕੇ, ਗੁਰਦਿਆਲ ਸਿੰਘ ਭੰਗਲ, ਜ਼ੋਰਾ ਸਿੰਘ ਨਸਰਾਲੀ, ਯਸ਼ਪਾਲ, ਡਾ. ਪਰਮਿੰਦਰ ਸਿੰਘ, ਅਤਰਜੀਤ, ਦਰਸ਼ਨ ਸਿੰਘ ਕੂਹਲੀ, ਹਰਜਿੰਦਰ ਸਿੰਘ, ਪੁਸ਼ਪ ਲਤਾ ਅਤੇ ਪਵੇਲ ਕੁੱਸਾ ਸ਼ਾਮਲ ਹਨ। 11 ਜਨਵਰੀ ਨੂੰ ਹੋ ਰਿਹਾ ਇਨਕਲਾਬੀ ਸਨਮਾਨ ਸਮਾਰੋਹ ਇਕ ਲੰਮੀ ***"ਸਲਾਮ ਅਤੇ ਸਨਮਾਨ ਜਨਤਕ ਮੁਹਿੰਮ"*** ਦਾ ਸਿਖਰ ਹੋਵੇਗਾ। ਇਹ ਮੁਹਿੰਮ ਪੰਜਾਬ ਦੇ ਵੱਖ-ਵੱਖ ਭਾਗਾਂ ਵਿਚ ਮੀਟਿੰਗਾਂ, ਰੈਲੀਆਂ, ਜਨ-ਇਕੱਤਰਤਾਵਾਂ ਅਤੇ ਜਨਸੰਪਰਕ ਮੁਹਿੰਮਾਂ ਦੀ ਸ਼ਕਲ ਵਿਚ ਚਲਾਈ ਜਾ ਰਹੀ ਹੈ। ਭਾਰੀ ਗਿਣਤੀ ਵਿਚ ਇਸ਼ਤਿਹਾਰ, ਹੱਥ-ਪਰਚੇ ਅਤੇ ਪੈਂਫਲਟ ਜਾਰੀ ਕੀਤੇ ਜਾ ਰਹੇ ਹਨ ਤਾਂ ਜੋ ਸ੍ਰੀ ਗੁਰਸ਼ਰਨ ਸਿੰਘ ਦੀ ਇਨਕਲਾਬੀ ਜੀਵਨ ਘਾਲਣਾ ਅਤੇ ਰੋਲ ਦਾ ਮਹੱਤਵ ਲੋਕਾਂ ਵਿਚ ਡੂੰਘੀ ਤਰ੍ਹਾਂ ਉਜਾਗਰ ਕੀਤਾ ਜਾਵੇ। 11 ਜਨਵਰੀ ਨੂੰ ਹੋਣ ਵਾਲੀ ਹਜ਼ਾਰਾਂ ਲੋਕਾਂ ਦੀ ਇਕੱਤਰਤਾ ਲੋਕ ਲਹਿਰ ਦੇ ਉਹਨਾਂ ਵਿਸ਼ਾਲ ਹਿੱਸਿਆਂ ਦੀਆਂ ਭਾਵਨਾਵਾਂ ਅਤੇ ਸਰੋਕਾਰਾਂ ਦੀ ਪ੍ਰਤੀਕ ਅਤੇ ਤਰਜਮਾਨ ਹੋਵੇਗੀ, ਜਿਹੜੇ ਸ਼੍ਰੀ ਗੁਰਸ਼ਰਨ ਸਿੰਘ ਦੇ ਰੋਲ ਨੂੰ ਇਨਕਲਾਬੀ ਪ੍ਰੇਰਨਾ ਅਤੇ ਉਤਸ਼ਾਹ ਦੇ ਸਰੋਤ ਵਜੋਂ ਉਚਿਆਉਂਦੇ ਅਤੇ ਬੁਲੰਦ ਕਰਦੇ ਹਨ।

ਸ਼੍ਰੀ ਗੁਰਸ਼ਰਨ ਸਿੰਘ ਦੇ ਇਸ ਇਨਕਲਾਬੀ ਸਨਮਾਨ ਸਮਾਰੋਹ ਦਾ ਕਈ ਪੱਖਾਂ ਤੋਂ ਵਿਸ਼ੇਸ਼ ਮਹੱਤਵ ਹੈ। ਸ਼੍ਰੀ ਗੁਰਸ਼ਰਨ ਸਿੰਘ ਨੂੰ ਨਾ ਸਿਰਫ ਪੰਜਾਬ ਅੰਦਰ ***"ਇਨਕਲਾਬੀ ਨਾਟਕ ਲਹਿਰ ਦੇ ਸ਼੍ਰੋਮਣੀ ਉਸਰੱਈਏ ਅਤੇ ਇਸਦੀ ਮਾਣ-ਮੱਤੀ ਕਲਗੀ"*** ਵਜੋਂ ਸਤਿਕਾਰਿਆ ਜਾ ਰਿਹਾ ਹੈ, ਸਗੋਂ ਇਸ ਨਾਲੋਂ ਵੀ ਵੱਧ ਇਕ ਨਿਹਚਾਵਾਨ ਇਨਕਲਾਬੀ

ਸਮਾਜਿਕ ਸੰਗਰਾਮੀਏ—ਵਜੋਂ ਸਨਮਾਨ ਦਿੱਤਾ ਜਾ ਰਿਹਾ ਹੈ। ਸਨਮਾਨ ਸਮਾਰੋਹ ਕਮੇਟੀ ਵੱਲੋਂ ਜਾਰੀ ਕੀਤੇ ਗਏ ਇਸ਼ਤਿਹਾਰ ਦੀ ਸਿਖਰਲੀ ਪੱਟੀ ਵਿਚ ਇਸ ਸਨਮਾਨ ਸਮਾਰੋਹ ਦੇ ਇਨਕਲਾਬੀ ਜਮਾਤੀ ਤੱਤ ਵੱਲ ਸਪਸ਼ਟ ਸੰਕੇਤ ਕੀਤਾ ਗਿਆ ਹੈ, **"ਜੋਕਾਂ ਆਪਣੇ ਝੋਲੀ ਚੁੱਕਾਂ ਨੂੰ ਵਡਿਆਉਂਦੀਆਂ ਹਨ, ਲੋਕ ਆਪਣੇ ਸੰਗਰਾਮੀਆਂ ਨੂੰ ਸਤਿਕਾਰਦੇ ਹਨ।"** ਇਉਂ ਇਹ ਸਨਮਾਨ ਸਮਾਰੋਹ ਇਨਕਲਾਬੀ ਲੋਕਾਂ ਦੇ ਕੈਂਪ ਦੀ ਤਰਫੋਂ ਕੀਤਾ ਜਾ ਰਿਹਾ ਹੈ ਅਤੇ ਲੋਕ-ਦੁਸ਼ਮਣ ਜਮਾਤੀ ਸਿਆਸੀ ਸ਼ਕਤੀਆਂ ਨਾਲੋਂ ਨਿਖੇੜੇ ਦੀ ਲਕੀਰ ਖਿੱਚ ਕੇ ਕੀਤਾ ਜਾ ਰਿਹਾ ਹੈ। ਸਨਮਾਨ ਸਮਾਰੋਹ ਕਮੇਟੀ ਸੁਚੇਤ ਹੈ ਕਿ ਜਿੱਥੋਂ ਤੱਕ ਮਿਹਨਤਕਸ਼ ਅਤੇ ਦੱਬੇ-ਕੁਚਲੇ ਲੋਕਾਂ ਦੀ ਸਮੁੱਚੀ ਇਨਕਲਾਬੀ ਧਿਰ ਦਾ ਸਵਾਲ ਹੈ, ਸ੍ਰੀ ਗੁਰਸ਼ਰਨ ਸਿੰਘ ਇਕ ਸਰਬ-ਸਾਂਝੀ ਇਨਕਲਾਬੀ ਸਖਸ਼ੀਅਤ ਹਨ। ਪਰ ਜਿੱਥੋਂ ਤੱਕ ਲੋਕ-ਦੁਸ਼ਮਣ ਸ਼ਕਤੀਆਂ ਅਤੇ ਲੋਕਾਂ ਦੀ ਧਿਰ ਦੇ ਆਪਸੀ ਰਿਸ਼ਤੇ ਦਾ ਸਵਾਲ ਹੈ, ਸ੍ਰੀ ਗੁਰਸ਼ਰਨ ਸਿੰਘ ਇਕ ਸਰਬ-ਸਾਂਝੀ ਸਖਸ਼ੀਅਤ ਨਹੀਂ ਹਨ, ਕਿਉਂਕਿ ਉਹਨਾਂ ਨੇ ਆਪਣੇ ਹੱਥਾਂ ਵਿਚ ਲੋਕ-ਇਨਕਲਾਬ ਅਤੇ ਸਮਾਜਵਾਦੀ ਆਦਰਸ਼ਾਂ ਦਾ ਝੰਡਾ ਚੁੱਕਿਆ ਹੋਇਆ ਹੈ। ਇਹਨਾਂ ਆਦਰਸ਼ਾਂ ਨੂੰ ਅਮਲੀ ਜਾਮਾ ਪਹਿਨਾਉਣ ਲਈ ਲੁਟੇਰਿਆਂ ਅਤੇ ਪਿਛਾਂਹਖਿੱਚੂ ਹਾਕਮ ਜਮਾਤਾਂ ਖ਼ਿਲਾਫ ਇਨਕਲਾਬੀ ਜਮਾਤੀ ਘੋਲ ਦਾ ਝੰਡਾ ਚੁੱਕਿਆ ਹੋਇਆ ਹੈ। ਇਹ ਆਦਰਸ਼ ਅਤੇ ਇਹਨਾਂ ਲਈ ਸੰਗਰਾਮ ਹੀ ਸ੍ਰੀ ਗੁਰਸ਼ਰਨ ਸਿੰਘ ਦੀ ਸਮਾਜਿਕ ਜੀਵਨ ਸਰਗਰਮੀ ਦੀ ਪ੍ਰੇਰਨਾ ਹੈ।

ਸ੍ਰੀ ਗੁਰਸ਼ਰਨ ਸਿੰਘ ਦੇ ਨਾਟਕ "ਧਮਕ ਨਗਾਰੇ ਦੀ" ਦੇ ਨਾਇਕ ਦੀ ਇਕ ਟਿੱਪਣੀ ਇਸ ਪੱਖੋਂ ਮਹੱਤਵਪੂਰਨ ਹੈ। ਇਹ ਨਾਇਕ ਜਗੀਰੂ ਸੱਤਾ ਦੇ ਚਿੰਨ੍ਹ ਬਾਦਸ਼ਾਹ ਨੂੰ ਸੰਬੋਧਤ ਹੋ ਕੇ ਕਹਿੰਦਾ ਹੈ ਕਿ ***"ਤੇਰਾ ਵਸੇਬਾ ਹੀ ਸਾਡਾ ਉਜਾੜਾ ਹੈ।"*** ਜ਼ਾਲਮ ਅਤੇ ਮਜ਼ਲੂਮ ਜਮਾਤਾਂ ਦੇ ਅਜਿਹੇ ਸਮਝੌਤਾ ਰਹਿਤ ਟਕਰਾਅ ਦੀ ਅਸਲੀਅਤ-ਮੁਖੀ ਧਾਰਨਾ ਸ੍ਰੀ ਗੁਰਸ਼ਰਨ ਸਿੰਘ ਦੀ ਜੀਵਨ ਸਰਗਰਮੀ ਵਿਚ ਵੱਸੀ ਹੋਈ ਹੈ। ਇਹ ਕੋਈ ਹੈਰਾਨੀ ਦੀ ਗੱਲ ਨਹੀਂ ਕਿ ਆਪਣੇ ਅਜਿਹੇ ਇਨਕਲਾਬੀ ਜਮਾਤੀ ਤੱਤ ਕਰਕੇ ਸ੍ਰੀ ਗੁਰਸ਼ਰਨ ਸਿੰਘ ਦੀ ਸਰਗਰਮੀ ਜਿਥੇ ਲੋਕ-ਸ਼ਕਤੀਆਂ ਦੀ ਅਥਾਹ ਪ੍ਰਸ਼ੰਸਾ ਅਤੇ ਸਤਿਕਾਰ ਹਾਸਲ ਕਰਦੀ ਰਹੀ ਹੈ, ਉਥੇ ਲੋਕ-ਦੁਸ਼ਮਣ ਤਾਕਤਾਂ ਨੂੰ ਇਸਦੀ ਤਿੱਖੀ ਰੜਕ ਮਹਿਸੂਸ ਹੁੰਦੀ ਰਹੀ ਹੈ। ਇਹ ਸਰਗਰਮੀ ਰਾਜ-ਸੱਤਾ ਅਤੇ ਫਿਰਕੂ ਫਾਸ਼ੀ ਤਾਕਤਾਂ ਦੇ ਗੁੱਸੇ ਅਤੇ ਬੰਦਸ਼ਾਂ ਦਾ ਨਿਸ਼ਾਨਾ ਬਣਦੀ ਰਹੀ ਹੈ। ਐਮਰਜੈਂਸੀ ਦੌਰਾਨ ਸ੍ਰੀ ਗੁਰਸ਼ਰਨ ਸਿੰਘ ਨੂੰ ਜੇਲ੍ਹ ਦੀਆਂ ਸੀਖਾਂ ਪਿੱਛੇ ਡੱਕਿਆ ਗਿਆ ਅਤੇ ਫਿਰਕੂ ਫਾਸ਼ੀ ਦਹਿਸ਼ਤਗਰਦੀ ਦੀ ਚੜ੍ਹਤ ਦੇ ਦੌਰ ਵਿਚ ਉਹਨਾਂ ਨੂੰ ਪਰਿਵਾਰਕ ਜੀਵਨ ਵਿਚ ਗੰਭੀਰ ਉਖੇੜੇ ਦਾ ਸਾਹਮਣਾ ਕਰਨਾ ਪਿਆ। ਸ੍ਰੀ ਗੁਰਸ਼ਰਨ ਸਿੰਘ ਨੇ ਖ਼ਤਰਿਆਂ, ਮੁਸ਼ਕਲਾਂ ਅਤੇ ਖੱਜਲ-ਖੁਆਰੀ ਦੇ ਇਹ ਦੌਰ ਉੱਚੇ ਇਨਕਲਾਬੀ ਮਨੋਬਲ ਨਾਲ ਪਾਰ ਕੀਤੇ ਹਨ।

ਕੁਦਰਤੀ ਹੀ, ਲੋਕਾਂ ਦੇ ਇਨਕਲਾਬੀ ਜਮਾਤੀ ਹਿੱਤਾਂ ਦੀ ਝੰਡਾਬਰਦਾਰ ਅਜਿਹੀ ਸਖਸ਼ੀਅਤ ਨੂੰ ਸਲਾਮ ਕਰਨ ਲਈ ਹੋ ਰਿਹਾ ਇਹ ਸਮਾਰੋਹ ਹਾਕਮ ਜਮਾਤੀ ਅਤੇ ਰਵਾਇਤੀ ਸਨਮਾਨ ਸਮਾਰੋਹਾਂ ਨਾਲ ਟਕਰਾਵੇਂ ਲੱਛਣਾਂ ਵਾਲੀ ਮੁਕਾਬਲੇ ਦੀ ਸਰਗਰਮੀ ਹੀ ਹੋ ਸਕਦਾ ਹੈ। ਇਹ ਹਾਕਮ ਜਮਾਤਾਂ ਦੀ ਖਿੜਕੀ ਵਿਚ ਸਾਹ ਵਰੋਲਦੇ ਕਿਸੇ ਡਾਲੋਂ ਟੁੱਟੇ

ਮੁਰਝਾਉਂਦੇ ਫੁੱਲ ਦਾ ਕਸੀਦਾ ਨਹੀਂ ਹੈ। ਲੋਕ-ਲਹਿਰ ਦੀ ਬਗੀਚੀ ਵਿਚ ਜਾਹੋ-ਜਲਾਲ ਨਾਲ ਟਹਿਕਦੇ ਸੂਹੇ ਫੁੱਲ ਦਾ ਸਤਿਕਾਰ ਹੈ।

ਕਲਾ ਅਤੇ ਸਭਿਆਚਾਰ ਦੇ ਖੇਤਰ ਵਿਚ ਵਿਚਰਦਿਆਂ ਸ਼੍ਰੀ ਗੁਰਸ਼ਰਨ ਸਿੰਘ ਹਮੇਸ਼ਾਂ ਕਲਾ ਨੂੰ ਮਿਹਨਤਕਸ਼ ਅਤੇ ਦੱਬੇ-ਕੁਚਲੇ ਲੋਕਾਂ ਦੀ ਮੁਕਤੀ ਦੇ ਇਨਕਲਾਬੀ ਹਥਿਆਰ ਵਜੋਂ ਲੈ ਕੇ ਚੱਲੇ ਹਨ। ਉਹ ਲੋਕਾਂ ਦੇ ਹਿੱਤਾਂ ਪ੍ਰਤੀ ਵਫ਼ਾਦਾਰ ਪ੍ਰਤੀਬੱਧ ਇਨਕਲਾਬੀ ਨਾਟਕ ਲਹਿਰ ਦੇ ਉਸਰੱਈਏ ਹਨ। ਲੋਕਾਂ ਦੀ ਚੇਤਨਾ ਨੂੰ ਇਨਕਲਾਬੀ ਜਾਗ ਲਾਉਣ ਅਤੇ ਹਲੂਣਾ ਦੇਣ ਵਿਚ ਆਪਣੇ ਰੋਲ ਸਦਕਾ, ਇਹ ਨਾਟਕ ਲਹਿਰ ਇਨਕਲਾਬੀ ਜਮਾਤੀ ਸਿਆਸੀ ਲਹਿਰ ਦੀ ਪੂਰਕ ਬਣੀ ਆ ਰਹੀ ਹੈ। ਜਮਾਤੀ ਸੰਘਰਸ਼ਾਂ ਰਾਹੀਂ ਹਾਸਲ ਹੋ ਰਹੀ ਸੋਝੀ ਦੇ ਅਸਰਾਂ ਨੂੰ ਗੂੜ੍ਹੇ ਅਤੇ ਪੱਕੇ ਕਰਨ ਵਿਚ ਇਸਦਾ ਅਹਿਮ ਰੋਲ ਹੈ। ਕਈ ਨਾਜ਼ੁਕ ਅਤੇ ਅਹਿਮ ਮੋੜਾਂ 'ਤੇ ਇਹ ਨਾਟਕ ਲਹਿਰ ਵਿਸ਼ੇਸ਼ ਅਤੇ ਮਹੱਤਵਪੂਰਨ ਰੋਲ ਅਖ਼ਤਿਆਰ ਕਰ ਲੈਂਦੀ ਰਹੀ ਹੈ। ਐਮਰਜੈਂਸੀ ਦੇ ਕਾਲੇ ਦੌਰ ਵਿਚ, ਇਸ ਨਾਟਕ ਲਹਿਰ ਨੇ ਔਖੀਆਂ ਹਾਲਤਾਂ ਵਿਚ ਇਨਕਲਾਬੀ ਜਨਤਕ ਸਰਗਰਮੀ ਜਾਰੀ ਰੱਖਣ ਅਤੇ ਭੇਸ ਬਦਲਵੀਆਂ ਸੰਕੇਤਕ ਸ਼ਕਲਾਂ ਵਿਚ ਜਮਹੂਰੀ ਹੱਕਾਂ ਦੀ ਰਾਖੀ ਦਾ ਅਤੇ ਇਨਕਲਾਬੀ ਸੰਦੇਸ਼ ਉਭਾਰਨ ਵਿਚ ਸਹਾਇਤਾ ਕੀਤੀ। ਫਿਰਕੂ ਫਾਸ਼ੀ ਦਹਿਸ਼ਤਗਰਦੀ ਅਤੇ ਹਕੂਮਤੀ ਦਹਿਸ਼ਤਗਰਦੀ ਦੇ ਜੁੜਵੇਂ ਹੱਲੇ ਦੇ ਕਾਲੇ ਦੌਰ ਵਿਚ, ਸ਼੍ਰੀ ਗੁਰਸ਼ਰਨ ਸਿੰਘ ਦੀ ਸਰਪ੍ਰਸਤੀ ਹੇਠ ਇਨਕਲਾਬੀ ਨਾਟਕ ਲਹਿਰ ਦੀ ਪ੍ਰਭਾਵਸ਼ਾਲੀ ਹੋਂਦ ਸਦਕਾ, ਸਭਿਆਚਾਰਕ ਮੋਰਚਾ ਪਿਛਾਖੜੀ ਦਹਿਸ਼ਤਗਰਦੀ ਖ਼ਿਲਾਫ ਨਾਬਰੀ ਅਤੇ ਇਸ ਨੂੰ ਐਲਾਨੀਆ ਸਿਆਸੀ ਚੁਣੌਤੀ ਦੇ ਵਿਸ਼ੇਸ਼ ਖੇਤਰ ਵਜੋਂ ਉੱਭਰਿਆ। ਇਨਕਲਾਬੀ ਅਤੇ ਲੋਕ-ਪੱਖੀ ਕਲਾ ਸਿਰਜਣਾ ਬਦਲੇ, ਫਿਰਕੂ ਫਾਸ਼ੀ ਦਹਿਸ਼ਤਗਰਦਾਂ ਦੀਆਂ ਗੋਲੀਆਂ ਦਾ ਨਿਸ਼ਾਨਾ ਬਣਨ ਵਾਲੀਆਂ ਸਖਸ਼ੀਅਤਾਂ ਨੂੰ ਇਸ ਮੋਰਚੇ ਤੋਂ ਸਿਰਫ ਸ਼ੋਕ ਸ਼ਰਧਾਂਜਲੀਆਂ ਹੀ ਭੇਟ ਨਹੀਂ ਕੀਤੀਆਂ ਜਾਂਦੀਆਂ ਰਹੀਆਂ, ਸਗੋਂ ਲੋਕਾਂ ਦੀ ਇਨਕਲਾਬੀ ਅਤੇ ਹੱਕੀ ਵਿਰੋਧ ਲਹਿਰ ਦੇ ਜੁਝਾਰ ਸੰਗਰਾਮੀ ਸ਼ਹੀਦਾਂ ਵਜੋਂ ਉਚਿਆਇਆ ਜਾਂਦਾ ਰਿਹਾ ਹੈ।

ਸ਼੍ਰੀ ਗੁਰਸ਼ਰਨ ਸਿੰਘ ਦੀ ਸਰਪ੍ਰਸਤੀ ਹੇਠਲੀ ਲੋਕ-ਮੁਖੀ ਨਾਟਕ ਲਹਿਰ ਦੀ ਸਭਿਆਚਾਰਕ ਦੇਣ ਵਡਮੁੱਲੀ ਹੈ। ਇਸ ਨੇ ਜਨ-ਸਾਧਾਰਨ ਦੀ ਮਾਨਸਿਕ ਤ੍ਰਿਪਤੀ ਦੀ ਰਵਾਇਤੀ ਲਛਮਣ ਰੇਖਾ ਨੂੰ ਤੋੜਦਿਆਂ, ਆਧੁਨਿਕ ਮਿਆਰੀ ਅਤੇ ਗੰਭੀਰ ਨਾਟਕ ਨੂੰ (ਵਿਸ਼ੇਸ਼ ਕਰਕੇ ਪੇਂਡੂ ਜਨਤਾ 'ਚ) ਮਕਬੂਲ ਬਣਾਉਣ ਵਿਚ ਅਹਿਮ ਰੋਲ ਅਦਾ ਕੀਤਾ ਹੈ। ਸ਼੍ਰੀ ਗੁਰਸ਼ਰਨ ਸਿੰਘ ਦੀ ਪ੍ਰਤਿਭਾ ਦੀ ਛੋਹ ਨਾਲ ਹੀ ਕਮਿਊਨਿਸਟ ਲਹਿਰ ਨਾਲ ਜੁੜੀ ਓਪੇਰਾ ਮੁਖੀ ਸਾਧਾਰਨ ਅਤੇ ਰਵਾਇਤੀ ਨਾਟਕ ਸਰਗਰਮੀ ਨੂੰ ਨਵੀਂ ਕਰਵਟ ਮਿਲੀ ਸੀ। ਇਸਨੇ ਕਲਾ ਮਿਆਰਾਂ ਪੱਖੋਂ ਵੀ ਅਤੇ ਤੱਤ ਪੱਖੋਂ ਵੀ ਸਿਫਤੀ ਛੜੱਪਾ ਮਾਰਿਆ ਸੀ ਅਤੇ ਇਹ ਪੰਜਾਬ ਅੰਦਰ ਬੇਹਤਰੀਨ ਅਤੇ ਮਕਬੂਲ ਨਾਟਕ ਕਲਾ ਨਮੂਨਿਆਂ ਨੂੰ ਪ੍ਰਗਟਾਉਣ ਦਾ ਸਾਧਨ ਬਣਨ ਲੱਗੀ ਸੀ। ਉਹਨਾਂ ਦੇ ਯਤਨਾਂ ਸਦਕਾ ਹੀ ਇਨਕਲਾਬੀ ਜਮਾਤਾਂ ਦੀ ਕਲਾ ਦੇ ਸੰਸਾਰ-ਪ੍ਰਸਿੱਧ ਨਮੂਨੇ ਪੰਜਾਬ ਦੇ ਇਨਕਲਾਬੀ ਰੰਗਮੰਚ ਦਾ ਸ਼ਿੰਗਾਰ ਬਣਨਾ ਸ਼ੁਰੂ ਹੋਏ। ਇਹ ਕ੍ਰਿਸ਼ਮਾ ਸੀਮਤ ਸਾਧਨਾਂ ਆਸਰੇ ਕੀਤਾ ਗਿਆ ਸੀ, ਲਗਨ, ਘਾਲਣਾ, ਲੋਕ-ਹਿੱਤਾਂ ਨਾਲ ਵਫ਼ਾਦਾਰੀ ਅਤੇ ਸਮਰਪਣ ਦੀ ਭਾਵਨਾ ਆਸਰੇ ਕੀਤਾ ਗਿਆ। ਇਸ

ਵਿਸ਼ਵਾਸ ਆਸਰੇ ਕੀਤਾ ਗਿਆ ਕਿ ਇਨਕਲਾਬੀ ਜਾਗ੍ਰਿਤੀ ਦੇ ਨਾਲ-ਨਾਲ ਨਰੋਏ ਸੁਹਜ-ਸੁਆਦ ਦੀਆਂ ਚਿਣਗਾਂ ਵੀ ਜਨ-ਸਾਧਾਰਨ ਦੀ ਅਣਸਰਦੀ ਲੋੜ ਹਨ। ਅਸਰਦਾਰ, ਇਨਕਲਾਬੀ ਸੰਦੇਸ਼ ਇਸ ਨਾਟਕ ਸਰਗਰਮੀ ਦਾ ਧੁਰਾ ਅਤੇ ਇਸਦੀ ਸਾਰਥਿਕਤਾ ਦਾ ਬੁਨਿਆਦੀ ਪੈਮਾਨਾ ਰਿਹਾ ਹੈ। ਇਸ ਦੀ ਸ਼ੈਲੀ ਅਤੇ ਸ਼ਕਲਾਂ ਮੁੱਖ ਤੌਰ 'ਤੇ ਜਨ-ਸਾਧਾਰਨ ਨਾਲ ਅਸਰਦਾਰ ਇਨਕਲਾਬੀ ਸੰਵਾਦ ਰਚਾਉਣ ਦੀਆਂ ਲੋੜਾਂ ਅਤੇ ਲੋਕਾਂ ਦੀ ਲਹਿਰ ਦੇ ਵਿੱਤ ਅਤੇ ਵਸੀਲਿਆਂ ਦੇ ਪੈਮਾਨੇ ਅਨੁਸਾਰ ਨਿਰਧਾਰਤ ਹੁੰਦੀਆਂ ਰਹੀਆਂ ਹਨ। ਇਨਕਲਾਬੀ ਕਲਾ ਦੇ ਖੇਤਰ ਵਿਚ ਇਉਂ ਪੈਰ ਗੱਡ ਕੇ ਖੜ੍ਹਨਾ ਹਰ ਕਿਸੇ ਦੇ ਵੱਸ ਦਾ ਰੋਗ ਨਹੀਂ ਸੀ। ਅਜਿਹਾ ਲੋਕਾਂ ਦੇ ਹਿੱਤਾਂ ਨਾਲ ਪ੍ਰਤੀਬੱਧਤਾ ਦੇ ਸਿਰ 'ਤੇ ਹੀ ਸੰਭਵ ਹੈ। ਇਸ ਸਪਸ਼ਟ ਸੋਝੀ ਆਸਰੇ ਹੀ ਸੰਭਵ ਹੈ ਕਿ ਆਪਣੇ ਪ੍ਰਗਟਾਵੇ ਲਈ ਦੁਸ਼ਮਣ ਜਮਾਤੀ ਵਸੀਲਿਆਂ ਦੀ ਮੁਥਾਜ ਅਤੇ ਕੈਦੀ ਹੋਈ ਇਨਕਲਾਬੀ ਕਲਾ ਪ੍ਰਤਿਭਾ ਅਖੀਰ ਨੂੰ ਆਪਣੀ ਪ੍ਰੇਰਨਾ ਦੇ ਅਸਲ ਸਰੋਤ ਅਤੇ ਪ੍ਰਗਟਾਵੇ ਦੇ ਅਸਲ ਖੇਤਰ ਨਾਲੋਂ ਵਿਜੋਗੇ ਜਾਣ, ਆਪਣੀ ਆਭਾ ਗੁਆ ਲੈਣ ਅਤੇ ਨਿਰਜਿੰਦ ਹੋ ਜਾਣ ਲਈ ਸਰਾਪੀ ਜਾਂਦੀ ਹੈ।

ਇਨਕਲਾਬੀ, ਅਗਾਂਹਵਧੂ ਅਤੇ ਵਿਗਿਆਨਕ ਸਭਿਆਚਾਰਕ ਕਦਰਾਂ-ਕੀਮਤਾਂ ਦੇ ਸੰਚਾਰ ਅਤੇ ਸਥਾਪਤੀ ਲਈ ਜੱਦੋਜਹਿਦ ਸ਼੍ਰੀ ਗੁਰਸ਼ਰਨ ਸਿੰਘ ਦੀ ਜੁਝਾਰ ਕਲਾ ਸਰਗਰਮੀ ਅਤੇ ਅਨਿੱਖੜਵਾਂ ਅੰਗ ਰਹੀ ਹੈ। ਵੇਲਾ ਵਿਹਾਅ ਚੁੱਕੀਆਂ ਅਤੇ ਇਨਕਲਾਬੀ ਜਮਾਤੀ ਸੰਗਰਾਮਾਂ ਦੇ ਰਾਹ ਦਾ ਅੜਿੱਕਾ ਬਣਨ ਵਾਲੀਆਂ ਪਿਛਾਂਹਖਿੱਚੂ ਕਦਰਾਂ-ਕੀਮਤਾਂ ਅਤੇ ਸਮਾਜਿਕ ਸੰਸਥਾਵਾਂ ਸ਼੍ਰੀ ਗੁਰਸ਼ਰਨ ਸਿੰਘ ਦੀ ਕਲਾ ਸਰਗਰਮੀ ਦੇ ਬੇਕਿਰਕ ਹਮਲੇ ਦਾ ਨਿਸ਼ਾਨਾ ਹਨ। ਪਿਤਾ-ਪੁਰਖੀ ਜਗੀਰੂ ਅਤੇ ਔਰਤ ਵਿਰੋਧੀ ਪਰਿਵਾਰ ਪ੍ਰਬੰਧ, ਧਰਮ, ਸਿਆਸਤ ਅਤੇ ਰਾਜਸੱਤਾ ਦਾ ਗੱਠਜੋੜ, ਜਾਤਪਾਤੀ ਸਮਾਜਿਕ ਸੰਸਥਾ ਅਤੇ ਅੰਨ੍ਹਾ ਕੌਮ ਹੰਕਾਰ ਉਹਨਾਂ ਦੀ ਕਲਾ ਦੇ ਵਿਅੰਗ ਦੀ ਤਿੱਖੀ ਵਾਛੜ ਹੇਠ ਰਹਿੰਦੇ ਹਨ। ਉਹਨਾਂ ਨੇ ਹਮੇਸ਼ਾਂ ਕਿਰਤ ਅਤੇ ਕਿਰਤੀ ਲੋਕਾਂ ਦੇ ਸਮੂਹਿਕ ਸਵੈ-ਮਾਣ ਦੀ ਭਾਵਨਾ ਅਤੇ ਕਿਰਤ ਦੀ ਸਰਦਾਰੀ ਦੀ ਤਾਂਘ ਨੂੰ ਸਮਾਜਿਕ ਮਨੁੱਖੀ ਤਰੱਕੀ ਦੀ ਸੁਭਾਵਿਕ ਲੋੜ ਵਜੋਂ ਉਚਿਆਇਆ ਹੈ।

ਇਸ ਤੋਂ ਇਲਾਵਾ ਉਹਨਾਂ ਨੇ ਇਨਕਲਾਬੀ ਚੇਤਨਾ ਉੱਦਮ ਜੁਟਾਈ ਦੀਆਂ ਕਿੰਨੀਆਂ ਹੀ ਵੰਨਗੀਆਂ ਦੇ ਸਰਪ੍ਰਸਤ, ਸੰਸਥਾਪਕ ਜਾਂ ਸੰਚਾਲਕ ਦਾ ਰੋਲ ਨਿਭਾਇਆ ਹੈ। ਇਨਕਲਾਬੀ ਸਾਹਿਤ ਪੱਤਰਕਾਰੀ, ਇਨਕਲਾਬੀ ਪੁਸਤਕ ਪ੍ਰਕਾਸ਼ਨ, ਇਨਕਲਾਬੀ ਗੀਤ ਸੰਗੀਤ ਕੈਸਟ ਲੜੀਆਂ, ਇਨਕਲਾਬੀ ਨਾਟਕ ਵਰਕਸ਼ਾਪਾਂ ਅਤੇ ਮੇਲਿਆਂ ਦੀ ਲਹਿਰ ਉਸਾਰਨ ਵਿਚ ਉਹਨਾਂ ਦੀ ਭੂਮਿਕਾ ਕਿਸੇ ਟਿੱਪਣੀ ਦੀ ਮੁਥਾਜ ਨਹੀਂ ਹੈ। ਇਨਕਲਾਬੀ ਸਾਹਿਤਕ ਸਿਆਸੀ ਚਰਚਾ ਅਤੇ ਬਹਿਸ-ਵਿਚਾਰ ਲਈ ਉਹਨਾਂ ਵੱਲੋਂ ਪਰਚਿਆਂ ਰਾਹੀਂ ਮੁਹੱਈਆ ਕੀਤੇ ਜਾਂਦੇ ਪਲੇਟਫਾਰਮਾਂ ਦਾ ਇਨਕਲਾਬੀ ਲਹਿਰ ਦੇ ਸਰੋਕਾਰਾਂ ਨੂੰ ਉਭਾਰਨ ਵਿਚ ਅਹਿਮ ਰੋਲ ਰਹਿੰਦਾ ਰਿਹਾ ਹੈ।

ਸ਼੍ਰੀ ਗੁਰਸ਼ਰਨ ਸਿੰਘ ਦਾ ਇਨਕਲਾਬੀ ਯੋਗਦਾਨ ਸਿਰਫ ਸਮਾਜਿਕ ਸਰਗਰਮੀ ਦੇ ਸਭਿਆਚਾਰਕ ਖੇਤਰ ਤੱਕ ਹੀ ਸੀਮਤ ਨਹੀਂ ਹੈ। ਸਿਆਸੀ ਖੇਤਰ ਦੇ ਸੰਗਰਾਮੀਏ ਵਜੋਂ ਪੰਜਾਬ ਦੀ ਇਨਕਲਾਬੀ ਲਹਿਰ ਅੰਦਰ ਉਹਨਾਂ ਦੀ ਅਹਿਮ ਭੂਮਿਕਾ ਹੈ। ਹਾਕਮ ਜਮਾਤਾਂ

ਖ਼ਿਲਾਫ ਸਿਆਸੀ ਭੇੜ ਦੇ ਚੁਣੌਤੀ ਭਰੇ ਦੌਰਾਂ ਵਿਚ ਉਹ ਸਰਗਰਮ ਅਤੇ ਅਹਿਮ ਭੂਮਿਕਾ ਨਿਭਾਉਣ ਲਈ ਦ੍ਰਿੜ੍ਹਤਾ ਨਾਲ ਮੈਦਾਨ ਵਿਚ ਨਿੱਤਰਦੇ ਰਹੇ ਹਨ। ਸੱਤਰਵਿਆਂ ਦੇ ਸ਼ੁਰੂ ਵਿਚ ਕਮਿਊਨਿਸਟ ਇਨਕਲਾਬੀ ਲਹਿਰ ਅਤੇ ਇਨਕਲਾਬੀ ਸਭਿਆਚਾਰਕ ਸਰਗਰਮੀਆਂ ਖ਼ਿਲਾਫ ਰਾਜਸੱਤਾ ਦੇ ਕਸਾਈ ਜਾਬਰ ਹੱਲੇ ਸਮੇਂ ਵੀ, ਐਮਰਜੈਂਸੀ ਦੇ ਕਾਲੇ ਦੌਰ ਵਿਚ ਵੀ, ਫਿਰਕੂ ਫਾਸ਼ੀ ਦਹਿਸ਼ਤਗਰਦੀ ਵੱਲੋਂ ਸੇਵੇਵਾਲਾ ਕਾਂਡ ਵਰਗੀਆਂ ਖ਼ੂਨੀ ਚੁਣੌਤੀਆਂ ਸਮੇਂ ਵੀ ਅਤੇ ਕਮਿਊਨਿਸਟ ਇਨਕਲਾਬੀ ਲਹਿਰ ਦੇ ਸ਼ਹੀਦਾਂ ਦੀ ਵਿਰਾਸਤ ਅਤੇ ਸਿਆਸਤ ਨੂੰ ਬੁਲੰਦ ਕਰਨ ਦੇ ਹੰਭਲਿਆਂ ਸਮੇਂ ਵੀ ਉਹਨਾਂ ਨੇ ਇਨਕਲਾਬੀ ਲਹਿਰ ਦੀਆਂ ਠੋਸ ਮੰਗਾਂ ਦਾ ਦਲੇਰਾਨਾ ਅਤੇ ਸਰਗਰਮ ਹੁੰਗਾਰਾ ਭਰਿਆ ਹੈ।

ਸ਼੍ਰੀ ਗੁਰਸ਼ਰਨ ਸਿੰਘ ਬਹੁਤ ਲੰਮੇ ਅਰਸੇ ਤੋਂ ਲੋਕਾਂ ਦੀ ਇਨਕਲਾਬੀ ਲਹਿਰ ਦੇ ਵਿਹੜੇ 'ਚ ਵਿਚਰਦੇ ਆ ਰਹੇ ਹਨ। 1944 ਵਿਚ ਜਦੋਂ ਉਹਨਾਂ ਨੇ ਭਾਰਤੀ ਕਮਿਊਨਿਸਟ ਪਾਰਟੀ ਦੇ ਮੈਂਬਰ ਬਣ ਕੇ ਇਸ ਲਹਿਰ ਦੇ ਵਿਹੜੇ ਪੈਰ ਧਰਿਆ ਉਹ ਉਸ ਸਮੇਂ 15 ਵਰ੍ਹਿਆਂ ਦੇ ਸਨ। ਇਨਕਲਾਬੀ ਜਜ਼ਬਿਆਂ ਭਰੀ ਇਹ ਅੱਲ੍ਹ-ਵਰੇਸ, ਲੋਹੇ ਵਰਗੀ ਜੁਆਨੀ ਹੰਢਾ ਕੇ, ਹੁਣ ਸਫੈਦ ਚਾਂਦੀ ਵਿਚ ਵਟ ਚੁੱਕੀ ਹੈ। ਇਹਨਾਂ ਫੈਲੇ ਹੋਏ ਦਹਾਕਿਆਂ ਵਿਚ ਮਿਹਨਤਕਸ਼ ਅਤੇ ਦੱਬੇ-ਕੁਚਲੇ ਲੋਕਾਂ ਦੀ ਇਨਕਲਾਬੀ ਲਹਿਰ, ਅਨੇਕਾਂ ਸੰਕਟਾਂ, ਉਤਰਾਵਾਂ-ਚੜ੍ਹਾਵਾਂ, ਖ਼ਤਰਿਆਂ ਅਤੇ ਪਛਾੜਾਂ ਦੇ ਦੌਰਾਂ 'ਚੋਂ ਗੁਜ਼ਰੀ ਹੈ। ਇਸ ਨੂੰ ਭਾਰੀ ਕੁਰਬਾਨੀਆਂ ਨਾਲ ਹਾਸਲ ਹੋਈਆਂ ਤੇ ਵੱਡੀਆਂ ਇਨਕਲਾਬੀ ਪ੍ਰਾਪਤੀਆਂ ਦੇ ਖੁੱਸ ਜਾਣ ਦੇ ਸਦਮੇ ਹੰਢਾਉਣੇ ਪਏ ਹਨ। ਇਸ ਹਾਲਤ ਨੇ ਹਰ ਕਿਸੇ ਦੇ ਇਨਕਲਾਬੀ ਇਰਾਦੇ ਅਤੇ ਨਿਹਚਾ ਦੀ ਪਰਖ ਕੀਤੀ ਹੈ। ਇਨਕਲਾਬੀ ਅਤੇ ਸਮਾਜਵਾਦੀ ਆਦਰਸ਼ਾਂ ਵਿਚ ਬਹੁਤ ਸਾਰਿਆਂ ਦਾ ਵਿਸ਼ਵਾਸ ਤਿੜਕਿਆ ਅਤੇ ਮਧੋਲਿਆ ਗਿਆ ਹੈ। ਕਈਆਂ ਲਈ ਇਹ ਹਾਲਤ ਇਨਕਲਾਬੀ ਆਦਰਸ਼ਾਂ ਤੋਂ ਮੁਖ ਮੋੜ ਲੈਣ, ਇਨਕਲਾਬੀ ਸਰਗਰਮੀ ਤੋਂ ਕਿਨਾਰਾਕਸ਼ੀ ਕਰ ਜਾਣ ਅਤੇ ਇਥੋਂ ਤੱਕ ਕਿ ਇਨਕਲਾਬੀ ਵਿਚਾਰਧਾਰਾ ਅਤੇ ਸਿਆਸਤ ਦਾ ਚੋਲਾ ਲਾਹ ਕੇ ਹਾਕਮ ਜਮਾਤੀ ਵਿਚਾਰਧਾਰਾ ਅਤੇ ਸਿਆਸਤ ਦਾ ਚੋਲਾ ਪਹਿਨ ਲੈਣ ਦੀ ਵਜ੍ਹਾ ਜਾਂ ਬਹਾਨਾ ਬਣੀ ਹੈ। ਪਰ ਸ਼੍ਰੀ ਗੁਰਸ਼ਰਨ ਸਿੰਘ ਦੀ ਇਨਕਲਾਬੀ ਨਿਹਚਾ ਇਹਨਾਂ ਸਮਿਆਂ ਵਿਚ ਸਦਾ ਜਗਮਗਾਉਂਦੀ ਅਤੇ ਲਟ-ਲਟ ਬਲਦੀ ਰਹੀ ਹੈ। ਹੁਣ ਵੀ ਢਲਦੀ ਜਾ ਰਹੀ ਉਮਰ ਦੇ ਬਾਵਜੂਦ ਉਹ ਇਨਕਲਾਬੀ ਚੜ੍ਹਦੀ ਕਲਾ ਦਾ ਨਮੂਨਾ ਬਣ ਕੇ ਵਿਚਰ ਰਹੇ ਹਨ ਅਤੇ ਇਨਕਲਾਬੀ ਜਾਗ੍ਰਿਤੀ, ਪ੍ਰੇਰਨਾ ਅਤੇ ਉਤਸ਼ਾਹ ਦਾ ਭਖਦਾ ਸਰੋਤ ਬਣੇ ਹੋਏ ਹਨ।

ਰੂਸੀ ਕਮਿਊਨਿਸਟ ਸੰਗਰਾਮੀਏ ਅਤੇ "ਸੂਰਮੇ ਦੀ ਸਿਰਜਣਾ" ("How The Steel Was Tempered") ਦੇ ਲੇਖਕ ਨਿਕੋਲਾਈ ਆਸਤਰੋਵਸਕੀ ਨੇ ਆਪਣੇ ਮੁੱਖ ਪਾਤਰ ਰਾਹੀਂ ਮਨੁੱਖੀ ਜੀਵਨ ਦੇ ਮਨੋਰਥ ਬਾਰੇ ਟਿੱਪਣੀ ਕੀਤੀ ਹੈ **"ਮਨੁੱਖ ਦੀ ਸਭ ਤੋਂ ਪਿਆਰੀ ਜਾਇਦਾਦ ਉਹਦਾ ਜੀਵਨ ਹੈ, ਜਿਹੜਾ ਉਸ ਨੂੰ ਕੇਵਲ ਇਕ ਵਾਰ ਮਿਲਦਾ ਹੈ। ਅਤੇ ਬੰਦਾ ਜੀਵੇ! ਜ਼ਰੂਰ ਜੀਵੇ! ਇਸ ਅੰਦਾਜ਼ ਨਾਲ ਜੀਵੇ ਕਿ ਦਿਲ ਜ਼ਿੰਦਗੀ ਦੇ ਫਜ਼ੂਲ ਗੁਆਏ ਸਾਲਾਂ ਕਾਰਨ ਵਿੰਨ੍ਹਵੇਂ ਪਛਤਾਵੇ ਵਿਚ ਨਾ ਤੜਫੇ, ਕਿ ਨਿੱਕੇ ਨਿਗੂਣੇ ਬੀਤੇ ਦੀ ਲੂੰਹਦੀ ਸ਼ਰਮਿੰਦਗੀ ਕਦੇ ਵੀ ਬੰਦੇ ਦੇ ਨੇੜੇ ਨਾ ਫਟਕੇ। ਮਨੁੱਖ ਇਉਂ ਜੀਵੇ ਕਿ ਅੰਤ ਸਮੇਂ ਕਹਿ ਸਕੇ, "ਮੈਂ ਆਪਣਾ ਸਾਰਾ ਜੀਵਨ, ਆਪਣੀ ਸਾਰੀ ਤਾਕਤ, ਦੁਨੀਆਂ ਦੇ ਸਭ ਤੋਂ**

**ਉੱਤਮ ਕਾਜ ਦੇ ਲੇਖੇ ਲਾਈ ਹੈ, ਮਨੁੱਖਤਾ ਦੀ ਆਜ਼ਾਦੀ ਲਈ ਸੰਗਰਾਮ ਦੇ ਲੇਖੇ ਲਾਈ ਹੈ।"**

ਬਿਨਾਂ ਸ਼ੱਕ ਸ਼੍ਰੀ ਗੁਰਸ਼ਰਨ ਸਿੰਘ ਨੇ ਆਪਣਾ ਸਾਰਾ ਜੀਵਨ ਅਤੇ ਸਾਰੀ ਸ਼ਕਤੀ ਮਨੁੱਖਤਾ ਦੀ ਆਜ਼ਾਦੀ ਲਈ ਸੰਗਰਾਮ ਦੇ ਇਸ ਸਰਬ-ਉੱਤਮ ਕਾਜ ਦੇ ਲੇਖੇ ਲਾਈ ਹੈ। ਇਸ ਅਮਲ ਦੌਰਾਨ ਉਹ ਇਕ ਸੰਸਥਾ-ਨੁਮਾ, ਬਹੁ-ਪੱਖੀ ਇਨਕਲਾਬੀ ਸਖਸ਼ੀਅਤ ਬਣ ਕੇ ਉੱਭਰੇ ਅਤੇ ਸਥਾਪਤ ਹੋਏ ਹਨ। ਇਨਕਲਾਬੀ ਸਭਿਆਚਾਰਕ ਲਹਿਰ ਸਮੇਤ, ਪੰਜਾਬ ਦੀ ਇਨਕਲਾਬੀ ਲਹਿਰ ਦੀਆਂ ਕਈ ਨਰੋਈਆਂ ਹਾਂ-ਪੱਖੀ ਸਿਫਤਾਂ ਸ਼੍ਰੀ ਗੁਰਸ਼ਰਨ ਸਿੰਘ ਦੀ ਸਖਸ਼ੀਅਤ ਰਾਹੀਂ ਝਲਕਦੀਆਂ ਅਤੇ ਰੂਪਮਾਨ ਹੁੰਦੀਆਂ ਹਨ। ਇਨਕਲਾਬੀ ਕਾਜ਼ ਅਤੇ ਇਸ ਖ਼ਾਤਰ ਅਵਾਮੀ ਜੰਗ ਦੀ ਅਟੱਲ ਜਿੱਤ ਵਿਚ ਅਥਾਹ ਯਕੀਨ 'ਚੋਂ ਉਪਜੀ "ਇਨਕਲਾਬੀ ਨਿਹਚਾ" ਇਹਨਾਂ ਸਿਫਤਾਂ ਵਿਚ ਸਭ ਤੋਂ ਉਪਰ ਹੈ। ਸ਼੍ਰੀ ਗੁਰਸ਼ਰਨ ਸਿੰਘ ਨੂੰ "ਇਨਕਲਾਬੀ ਨਿਹਚਾ ਸਨਮਾਨ" ਨਾਲ ਸਤਿਕਾਰ ਕੇ ਪੰਜਾਬ ਦੀ ਇਨਕਲਾਬੀ ਜਮਹੂਰੀ-ਲਹਿਰ ਆਪਣੇ ਹੀ ਨਰੋਏ ਇਨਕਲਾਬੀ ਤੱਤ ਅਤੇ ਸ਼ਕਤੀ ਨੂੰ ਸਨਮਾਨਤ ਕਰ ਰਹੀ ਹੈ ਕਿ ਕਿਸੇ ਸ਼ਹਿਰ ਦੀ ਧਰਤੀ ਇਸ ਵੱਡੇ ਸਮਾਗਮ ਨੂੰ ਸਾਂਭ ਨਹੀਂ ਸਕਦੀ ਸੀ, ਉਹਨਾਂ ਨੇ ਕੁੱਸੇ ਦੀ ਧਰਤੀ 'ਤੇ ਇਕ ਇਹੋ ਜਿਹੀ ਕਵਿਤਾ ਲਿਖੀ ਐ, ਮੇਰੇ ਸਾਹਮਣੇ ਤੁਸੀਂ ਸਾਰੇ ਇਕੱਲੇ-ਇਕੱਲੇ ਲਫਜ਼ ਹੋ, ਇਕ-ਇਕ ਸ਼ਬਦ ਹੋ, ਔਰ ਜਿਹਨਾਂ ਸ਼ਬਦਾਂ ਨੇ ਇਕੱਲੇ-ਇਕੱਲੇ ਰਲਾ ਕੇ ਇਕ ਬਹੁਤ ਲੰਮੀ, ਇਕ ਬਹੁਤ ਸੋਹਣੀ ਕਵਿਤਾ ਲਿਖੀ ਐ, ਔਰ ਮੈਂ ਸਮਝਦਾਂ ਕਿ ਮੁੱਦਤਾਂ ਤੋਂ ਮੈਂ ਐਨੀ ਲੰਮੀ ਅਤੇ ਐਨੀ ਸੋਹਣੀ ਕਵਿਤਾ ਨਹੀਂ ਸੀ ਪੜ੍ਹੀ, ਜਿਹੜੀ ਅੱਜ ਮੈਂ ਆਪਣੇ ਸਾਹਮਣੇ ਲਿਖੀ ਹੋਈ ਪੜ੍ਹ ਰਿਹਾ ਆਂ। ਇਸ ਧਰਤੀ ਉੱਤੋਂ ਐਨੀ ਸੋਹਣੀ ਕਵਿਤਾ ਲਿਖਣ ਲਈ ਮੈਂ ਭਾਅ ਜੀ ਗੁਰਸ਼ਰਨ ਸਿੰਘ ਨੂੰ ਸਨਮਾਨਤ ਕਰਨ ਵਾਲੀ ਕਮੇਟੀ ਦਾ ਅਹਿਸਾਨਮੰਦ ਆਂ। ਸਾਰੇ ਲੇਖਕਾਂ ਵੱਲੋਂ, ਸਾਰੇ ਪੰਜਾਬੀਆਂ ਵੱਲੋਂ, ਔਰ ਸਾਰੀ ਪੰਜਾਬੀ ਵਿਰਾਸਤ ਵੱਲੋਂ। ਮੈਂ ਸਮਝਦਾ ਕਿ ਜੋ ਗੁਰਸ਼ਰਨ ਸਿੰਘ ਭਾਅ ਜੀ, ਕਿਸੇ ਪੰਜਾਬ ਸ਼ਾਇਰ ਜਸਪਾਲ ਘਈ ਨੇ ਜੋ ਅੱਜ-ਕੱਲ੍ਹ ਹੋ ਰਿਹੈ, ਜੋ ਗਲੋਬਲਾਈਜੇਸ਼ਨ ਵਿਚ ਅਸੀਂ ਵਿਸ਼ਵ ਨੂੰ ਇਕ ਪਿੰਡ ਬਣਾਉਣ ਜਾ ਰਹੇ ਹਾਂ, ਉਹਨਾਂ ਦੋ ਲਾਈਨਾਂ ਲਿਖੀਆਂ ਕਿ—

*ਵਿਸ਼ਵ ਨੂੰ ਇਕ ਪਿੰਡ ਬਣਾਵਣ ਵਾਸਤੇ*
*ਵਿਸ਼ਵ ਦੇ ਸਭ ਪਿੰਡ ਉਜਾੜੇ ਜਾਣਗੇ।*

ਇਹ ਜੋ ਵਿਸ਼ਵੀਕਰਨ ਐ, ਇਹ ਵਿਸ਼ਵ ਦੇ ਪਿੰਡਾਂ ਨੂੰ ਉਜਾੜ ਰਿਹੈ। ਲੇਕਿਨ ਭਾਅ ਜੀ ਗੁਰਸ਼ਰਨ ਸਿੰਘ ਇਕ ਵਾਹਿਦ ਇਨਸਾਨ ਨੇ ਜੋ ਸਾਡੀ ਕਿਤਾਬਾਂ ਵਿਚ ਸੁੱਤੀ ਕਵਿਤਾ ਨੂੰ, ਦਿਮਾਗਾਂ ਵਿਚ ਲੁਕੀ ਕਵਿਤਾ ਨੂੰ ਇਕੱਲੇ-ਇਕੱਲੇ ਪਿੰਡ ਵਿਚ ਲਿਜਾ ਕੇ ਉਹ ਜਿਉਂਦੀ ਕਰ ਰਹੇ ਸੀ। ਉਹ ਜੋ ਮੂਰਛਿਤ ਸੀ, ਉਹਨੂੰ ਜਾਗਰਤ ਕਰ ਰਹੇ ਸਨ। ਕਈ ਵਾਰ ਤਾਂ ਅਸੀਂ ਸਾਰੇ, ਬਾਕੀ ਸਾਰਾ ਜਹਾਨ, ਬਾਕੀ ਸਾਰੇ ਲੋਕ ਸੌਂ ਗਏ, ਸਿਰਫ ਇਕੋ ਇਕ ਆਵਾਜ਼ ਪਿੰਡਾਂ ਦੀਆਂ ਸੱਥਾਂ ਵਿਚ ਗੂੰਜਦੀ ਰਹੀ ਐ, ਉਹ ਗੁਰਸ਼ਰਨ ਸਿੰਘ ਹੋਰਾਂ ਦੀ ਆਵਾਜ਼ ਐ। ਔਰ ਮੈਂ ਸਮਝਦਾਂ ਕਿ ਹੋਰ ਬਹੁਤ ਰੰਗਕਰਮੀ ਹੋਣਗੇ ਲੇਕਿਨ ਦੁਨੀਆਂ ਦੇ ਇਕ ***ਲੋਕ ਰੰਗਮੰਚ ਦੇ ਵਿਚ ਇਕੋ ਇਕ ਸਭ ਤੋਂ ਵੱਡਾ ਇਨਸਾਨ ਗੁਰਸ਼ਰਨ ਸਿੰਘ ਐ,***

***ਜਿਸ ਨੇ ਲੋਕ ਰੰਗਮੰਚ ਨੂੰ ਐਡੀ ਵੱਡੀ ਪੱਧਰ 'ਤੇ ਲਿਜਾਣ ਦਾ ਕੰਮ ਕੀਤਾ ਐ।*** ਔਰ ਮੈਂ ਬਹੁਤ ਧੰਨਵਾਦੀ ਆਂ, ਇਸ ਕਰਕੇ ਮੈਂ ਸਮਝਦਾਂ ਕਿ ਗੁਰਸ਼ਰਨ ਸਿੰਘ ਈ ਸਾਡੇ ਵਿਰਸੇ ਦਾ ਸੱਚਾ ਵਾਰਸ ਐ। ਬੇਸ਼ੱਕ ਉਸ ਗੱਲ ਦਾ ਦਾਅਵਾ ਬਹੁਤ ਲੋਕ ਕਰਨਗੇ ਪਰ ***ਮੈਂ ਸਮਝਦਾਂ ਸਾਡੇ ਵਿਰਸੇ ਦੀ ਜੋ ਉੱਚਤਾ ਸੀ, ਸ਼ਾਨ ਸੀ, ਜੋ ਉਹਦਾ ਸਾਹਸ ਸੀ, ਉਸ ਸਾਰੇ ਕੁਝ ਨੂੰ ਜੇ ਕਿਸੇ ਸ਼ਖ਼ਸ ਨੇ ਸਾਡੇ ਸਾਰਿਆਂ ਦਾ ਪ੍ਰਤੀਨਿਧ ਬਣ ਕੇ ਜ਼ਿੰਦਾ ਰੱਖਿਆ ਤਾਂ ਉਹ ਭਾਅ ਜੀ ਗੁਰਸ਼ਰਨ ਸਿੰਘ ਐ।*** ਔਰ ਆਖਰੀ ਗੱਲ ਕਰਕੇ ਮੈਂ ਵਿਦਾ ਲੈਨਾਂ ਕਿ ਐਸ ਵੇਲੇ ਜਦੋਂ ਕਿ ਟੈਲੀਵੀਜ਼ਨ ਨੂੰ ਵੀ ਕਮਰਸ਼ੀਅਲ ਖੇਡਾਂ ਨੇ ਮੱਲ ਲਿਆ, ਫਿਲਮਾਂ ਨੇ ਤਾਂ ਬਹੁਤ ਦੇਰ ਤੋਂ ਮੱਲ ਲਿਆ ਸੀ, ਔਰ ਸਾਡੇ ਕੋਲ ਇਕੋ ਇਕ ਜਗ੍ਹਾ ਬਚੀ ਐ, ਉਹ ਹੈ ਰੰਗਮੰਚ, ਜਿਥੇ ਅਸੀਂ ਆਪਣੇ ਦੁੱਖਾਂ-ਦਰਦਾਂ ਦੀ ਗੱਲ ਕਰ ਸਕਦੇ ਆਂ, ਜਿਥੇ ਅਸੀਂ ਆਪਣੇ ਮਸਲਿਆਂ ਬਾਰੇ ਸੋਚ ਸਕਦੇ ਆਂ। ਔਰ ਇਹ ਰੰਗਮੰਚ ਐਸ ਵੇਲੇ ਸਾਡੇ ਲਈ ਸਭ ਤੋਂ ਪਾਵਨ ਜਗ੍ਹਾ ਬਣ ਚੁੱਕਾ ਐ। ਔਰ ਇਸ ਪਾਵਨ ਜਗ੍ਹਾ ਦੇ ਇਸ ਪਾਵਨ ਸ਼ਖ਼ਸ ਨੂੰ ਮੈਂ ਆਪਣਾ ਸਲਾਮ ਕਰਦਾ ਹੋਇਆ ਇਹਦੇ ਅੱਗੇ ਸਿਰ ਝੁਕਾਉਂਦਾ ਹੋਇਆ, ਕੁੱਸੇ ਦੀ ਇਸ ਪਿਆਰੀ ਧਰਤੀ ਨੂੰ, ਔਰ ਆਪਣੇ ਦੋਸਤਾਂ—ਪ੍ਰਮਿੰਦਰ ਸਿੰਘ, ਅਮੋਲਕ ਸਿੰਘ, ਜੱਸੀ ਔਰ ਸਨਮਾਨ ਕਮੇਟੀ ਦੇ ਸਾਰੇ ਪ੍ਰਬੰਧਕਾਂ ਪ੍ਰਤੀ ਮੈਂ ਆਪਣਾ ਅਹਿਸਾਨ ਮੰਨਦਾ ਹਾਂ ਕਿ ਤੁਸੀਂ ਸਾਰਿਆਂ ਸਾਡੇ ਸਾਰਿਆਂ 'ਤੇ ਇਕ ਬਹੁਤ ਵੱਡਾ ਅਹਿਸਾਨ ਕੀਤਾ ਐ, ਇਹ ਸਮਾਗਮ ਰਚਾ ਕੇ। ਇਸ ਸਨਮਾਨ ਨੇ ਦੱਸ ਦਿੱਤਾ ਐ ਕਿ ਅਸੀਂ ਅਜੇ ਡੱਬਿਆਂ ਵਿਚ ਕੈਦ ਨਹੀਂ ਹੋਏ। ਅਸੀਂ ਅਜੇ ਘਰਾਂ ਵਿਚ ਕੈਦ ਨਹੀਂ ਹੋਏ। ਸਾਡੇ ਵਿਚ ਕੋਈ ਤੜਪ ਜ਼ਿੰਦਾ ਹੈ, ਔਰ ਇਥੇ ਹੀ ਕੁਝ ਹੋਰ ਸੋਹਣਾ ਮੁਮਕਿਨ ਹੈ।